**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

http://www.punjabsssb.gov.in/

**ਇਸ਼ਤਿਹਾਰ ਨੰ:**
**01 ਆਫ 2020**

## ਜਨਤਕ ਨਿਯੁਕਤੀਆਂ

### ਮਹੱਤਵਪੂਰਨ ਮਿਤੀਆਂ:

| | |
|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | 17-01-2020 |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | 20-01-2020 |
| **ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ:** | 10-02-2020 (ਸ਼ਾਮ 5:00 ਵਜੇ ਤੱਕ) |
| **ਫੀਸ ਭਰਨ ਦੀ ਆਖਰੀ ਮਿਤੀ:** | 12-02-2020 |

### ਡਿਟੇਲਡ ਸੂਚਨਾ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

1. **ਜਾਣ-ਪਹਿਚਾਣ**

ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ (ਫੂਡ ਅਤੇ ਡਰੱਗਜ ਐਡਮਿਨਸਟ੍ਰੇਸ਼ਨ) ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਨਿਯਮਾਂ ਅਨੁਸਾਰ ਗਰੁੱਪ-ਸੀ ਦੀਆਂ ਫੂਡ ਸੇਫਟੀ ਅਫਸਰ ਦੀਆਂ ਅਸਾਮੀਆਂ ਭਰਨ ਲਈ ਬੋਰਡ ਦੀ ਵੈਬਸਾਈਟ http://www.punjabsssb.gov.in/ ਤੇ ਯੋਗ ਉਮੀਦਵਾਰਾਂ ਤੋਂ ਮਿਤੀ 20/01/2020 ਤੋਂ 10/02/2020 ਸ਼ਾਮ 05-00 ਵਜੇ ਤੱਕ ਆਨਲਾਈਨ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

**ਵਿਭਾਗ ਦਾ ਨਾਮ :** ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ (ਫੂਡ ਅਤੇ ਡਰੱਗਜ ਐਡਮਿਨਸਟ੍ਰੇਸ਼ਨ)

**ਅਸਾਮੀ ਦਾ ਨਾਮ :** ਫੂਡ ਸੇਫਟੀ ਅਫਸਰ

**ਪੇਅ-ਸਕੇਲ :** 10300-34800 + 4200 ਗ੍ਰੇਡ ਪੇਅ *

* ਨੋਟ: ਪਰਖਕਾਲ ਦੇ ਸਮੇਂ ਦੌਰਾਨ ਬਿਨਾ ਕਿਸੇ ਭੱਤਿਆਂ ਤੋਂ ਮੁੱਢਲੀ ਤਨਖਾਹ/ਡੀ.ਸੀ. ਰੇਟ ਮਿਲਣਯੋਗ ਹੋਵੇਗਾ। ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸਾਖਾ), ਪੰਜਾਬ ਸਰਕਾਰ ਦਾ ਪੱਤਰ ਨੰ:7/204/2012-4ਐਫ.ਪੀ.1/66, ਮਿਤੀ 15-01-2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

**ਅਸਾਮੀਆਂ ਦੀ ਗਿਣਤੀ :** 25

Scanned by CamScanner

**ਅਸਾਮੀਆਂ ਦਾ ਵਰਗੀਕਰਨ:**

| Sr. No. | Category | Code | No. of Vacancies |
|---|---|---|---|
| 1. | GENERAL | 101 | 11 |
| 2. | SC (M &B) | 102 | 03 |
| 3. | SC (R &O) | 103 | 02 |
| 4. | BC | 104 | 03 |
| 5. | ESM-GEN (Self) | 105 | 02 |
| 6. | ESM-GEN (Dependent) | 106 | |
| 7. | ESM-SC (Self) | 107 | 02 |
| 8. | ESM-SC (Dependent) | 108 | |
| 9. | PH (ORTHO) | 113 | 01 |
| 10. | EWS (GEN) | 117 | 01 |

* **ਉਪਰੋਕਤ ਦਰਸਾਈਆਂ** ESM-SC **ਸ਼੍ਰੇਣੀ ਦੀਆਂ ਦੋ ਪੋਸਟਾਂ/ਅਸਾਮੀਆਂ ਵਿੱਚੋਂ ਇੱਕ ਪੋਸਟ/ਅਸਾਮੀ ਵਿਭਾਗ ਵੱਲੋਂ ਪ੍ਰਾਪਤ ਪੱਤਰ ਨੰ:**2014, **ਮਿਤੀ** 17-07-2019 **ਅਨੁਸਾਰ ਇਸ ਸ਼੍ਰੇਣੀ ਦੇ Backlog ਦੀ ਹੈ।**

* ESM-GEN **ਅਤੇ** ESM-SC **ਦੀਆਂ ਅਸਾਮੀਆਂ** ESM(Self) **ਉਮੀਦਵਾਰਾਂ ਵਿੱਚੋਂ ਹੀ ਭਰੀਆਂ ਜਾਣਗੀਆਂ।** ESM(Self) **ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ** ESM (Dependent) **ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।**

GENERAL-ਆਮ ਵਰਗ, SC(M&B)-ਅਨੁਸੂਚਿਤ ਜਾਤੀ(ਮਜਬੀ ਤੇ ਬਾਲਮਿਕੀ), SC(R &O)-ਅਨੁਸੂਚਿਤ ਜਾਤੀ(ਰਾਮਦਾਸੀਆ ਤੇ ਹੋਰ), BC- ਪੱਛੜੀ ਸ਼੍ਰੇਣੀ, ESM-GEN(Self)- ਸਾਬਕਾ ਫੌਜ਼ੀ-ਆਮ (ਖੁਦ), ESM-GEN(Dependent)- ਸਾਬਕਾ ਫੌਜ਼ੀ-ਆਮ(ਆਸ਼ਰਿਤ) ESM-SC(Self)- ਸਾਬਕਾ ਫੌਜੀ-ਅਨੁਸੂਚਿਤ ਜਾਤੀ(ਖੁਦ), ESM-SC(Dependent)- ਸਾਬਕਾ ਫੌਜੀ-ਅਨੁਸੂਚਿਤ ਜਾਤੀ(ਆਸ਼ਰਿਤ), PH (ORTHO)- ਅੰਗਹੀਣ (ਆਰਥੋ), EWS(GEN)- ਆਰਥਿਕ ਤੌਰ ਤੇ ਕਮਜੋਰ ਵਰਗ (ਆਮ)।

ਨੋਟ: ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ ਵਰਗੀਕਰਨ ਫੂਡ ਅਤੇ ਡਰੱਗਜ ਐਡਮਿਨਸਟ੍ਰੇਸ਼ਨ, ਪੰਜਾਬ ਵੱਲੋਂ ਪ੍ਰਾਪਤ ਮੰਗ-ਪੱਤਰ ਅਤੇ ਇਸਦੇ ਸਬੰਧ ਵਿੱਚ ਪ੍ਰਾਪਤ ਪੱਤਰ ਨੰ:ਫੂਡ(1)/2019/2014, ਮਿਤੀ 17-07-2019 ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/notice ਜਾਰੀ ਕਰਦੇ ਹੋਏ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾ ਕਰਨਾ ਯਕੀਨੀ ਬਣਾਏਗਾ।

Scanned by CamScanner

**ਵਿੱਦਿਅਕ ਯੋਗਤਾ:** (I) Should have passed Punjabi in matriculation level or its equivalent.

(II) Should possess degree in Food Technology or Dairy Technology or Biotechnology or Oil Technology or Agricultrural Science or Veterinary Sciences or Bio-Chemistry or Microbiology or Masters Degree in Chemistry or Degree in Medicine from a recognized University or institution of India which is recognized by UGC as per rules and regulations.

(III) Any other equivalent/recognized qualifications as notified by the Central Government till date.

Note: As specified in Rule 2.1.3.1 (iii) of FSS Rules, 2011 or as specified from time to time, after successful completion of recruitment process, successful completion of training is mandatory for selected candidates before notifying such selected officers as Food Safety Officers under Section 37 of FSS Act, 2006.

2. **ਉਮਰ ਸੀਮਾ:-** ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2020 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮ੍ਹਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

3. **ਫੀਸ ਸਬੰਧੀ ਵੇਰਵਾ:-**

Scanned by CamScanner

| | | |
|---|---|---|
| ਆਮ ਵਰਗ (GEN) | - | 600/- ਰੁ: |
| ਐਸ.ਸੀ(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) | - | 150/- ਰੁ: |
| ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen & Dependent) | - | 100/- ਰੁ: |
| ਅੰਗਹੀਣ (Handicapped) | - | 300/- ਰੁ: |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

4. **Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:**

(I) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(II) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਇਸਦਾ ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖੇਗਾ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(III) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(IV) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(V) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਇਹ ਸਰਟੀਫਿਕੇਟ ਸਮਰੱਥ ਅਥਾਰਟੀ ਵੱਲੋਂ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦਾ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(VI) ਜੇਕਰ ਕੋਈ ਉਮੀਦਵਾਰ ਉਕਤ ਆਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਉਮੀਦਵਾਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

5. **ਚੋਣ ਵਿਧੀ:**

(I) ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ Objective type ਲਿਖਤੀ ਪ੍ਰੀਖਿਆ ਲਈ ਜਾਏਗੀ।

(II) ਯੋਗ ਉਮੀਦਵਾਰਾਂ ਦੀ ਚੋਣ ਕਰਨ ਲਈ ਸਿਰਫ ਲਿਖਤੀ ਪ੍ਰੀਖਿਆ ਵਿੱਚੋਂ ਪ੍ਰਾਪਤ ਅੰਕਾਂ ਦੇ ਆਧਾਰ ਤੇ ਹੀ ਸਾਂਝੀ ਮੈਰਿਟ ਸੂਚੀ (Common Merit List) ਤਿਆਰ ਕੀਤੀ ਜਾਏਗੀ।

(III) ਉਪਰੋਕਤ ਦਰਸਾਈਆਂ ਅਸਾਮੀਆਂ ਵਾਸਤੇ ਵਿਚਾਰੇ ਜਾਣ ਲਈ ਹਰ ਸ਼੍ਰੇਣੀ ਦੇ ਉਮੀਦਵਾਰ ਲਈ ਲਿਖਤੀ ਪ੍ਰੀਖਿਆ ਵਿੱਚੋਂ ਘੱਟ ਤੋਂ ਘੱਟ 40% (40 ਪ੍ਰਤੀਸ਼ਤ) ਅੰਕ ਪ੍ਰਾਪਤ ਕਰਨੇ ਜਰੂਰੀ ਹਨ। ਲਿਖਤੀ

Scanned by CamScanner

ਪ੍ਰੀਖਿਆ ਵਿੱਚ 40% (40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ ਨੂੰ ਅਯੋਗ/ਫੇਲ ਕਰਾਰ ਦਿੰਦੇ ਹੋਏ ਉਪਰੋਕਤ ਅਸਾਮੀਆਂ ਲਈ ਚੋਣ ਵਾਸਤੇ ਕਿਸੇ ਵੀ ਸਥਿਤੀ ਵਿੱਚ ਵਿਚਾਰਿਆ ਨਹੀਂ ਜਾਵੇਗਾ।

(IV) ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਹੀ ਅਸਾਮੀਆਂ ਦਾ 3 ਗੁਣਾ ਜਾਂ ਬੋਰਡ ਵੱਲੋਂ ਲਏ ਗਏ ਫੈਸਲੇ ਅਨੁਸਾਰ ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਉਪਰੰਤ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (**ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ**) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

(V) ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਦੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ ਵਿੱਚ ਹੀ ਵਿਚਾਰਿਆ ਜਾਏਗਾ।

**6. ਲਿਖਤੀ ਪ੍ਰੀਖਿਆ:**

ਹਰ ਪੱਖੋਂ ਮੁਕੰਮਲ ਆਨਲਾਈਨ ਪ੍ਰਤੀਬੇਨਤੀਆਂ ਪ੍ਰਾਪਤ ਹੋਣ ਤੋਂ ਬਾਅਦ ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ ਅਤੇ ਪੈਟਰਨ (Pattern) ਨਾਲ ਨੱਥੀ Annexure-A ਵਿੱਚ ਦਰਸਾਇਆ ਗਿਆ ਹੈ। ਇਹ ਸਿਲੇਬਸ ਅਤੇ ਪੈਟਰਨ (ਪ੍ਰਸ਼ਨਾਂ/ਅੰਕਾਂ ਦੀ ਵੰਡ) ਸੰਕੇਤਕ (Indicative) ਹੈ ਜੋ ਕਿ ਉਮੀਦਵਾਰਾਂ ਨੂੰ ਸਿਰਫ ਸੇਧ ਦੇਣ ਦੇ ਮੰਤਵ ਲਈ ਨਿਰਧਾਰਤ ਕੀਤਾ ਗਿਆ ਹੈ। ਇਸ ਵਿੱਚ ਥੋੜ੍ਹਾ ਬਦਲਾਅ ਹੋ ਸਕਦਾ ਹੈ। ਲਿਖਤੀ ਪ੍ਰੀਖਿਆ ਦਾ ਪੈਟਰਨ ਅਤੇ ਪ੍ਰਸ਼ਨ ਲਗਭਗ Annexure-A ਵਿੱਚ ਦਰਸਾਏ ਸਿਲੇਬਸ ਅਤੇ ਪੈਟਰਨ ਅਨੁਸਾਰ ਹੋਣਗੇ। ਲਿਖਤੀ ਪ੍ਰੀਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈੱਬਸਾਈਟ http://www.punjabsssb.gov.in/ ਤੇ ਹੀ ਅਪਲੋਡ (upload) ਕੀਤੀ ਜਾਏਗੀ। ਸੋ ਉਮੀਦਵਾਰਾਂ ਵੱਲੋਂ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ।

**7. ਅਪਲਾਈ ਕਰਨ ਦੀ ਵਿਧੀ:**

(I) ਉਮੀਦਵਾਰ ਬੋਰਡ ਦੀ ਵੈਬਸਾਈਟ http://www.punjabsssb.gov.in/ ਤੇ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 20-01-2020 ਤੋਂ 10-02-2020 ਸ਼ਾਮ 5:00 ਵਜੇ ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(II) ਅਪਲਾਈ ਕਰਨ ਦੀ ਲੋੜੀਂਦੀ ਫੀਸ ਬੈਂਕ ਵਿੱਚ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 12-02-2020 ਹੋਵੇਗੀ।

(III) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(IV) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ login ਕਰਕੇ step-

Scanned by CamScanner

wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ submit ਕਰਨਗੇ। ਪ੍ਰੰਤੂ ਇਹ Application form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(V) ਉਮੀਦਵਾਰ Online Application form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਗਰੈਜੁਏਸ਼ਨ, ਪੋਸਟ ਗਰੇਜੁਏਸ਼ਨ, ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application form submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(VI) **ਉਮੀਦਵਾਰ Online Application submit ਕਰਨ ਉਪਰੰਤ ਵੈਬਸਾਈਟ ਤੇ ਮੌਜੂਦ Make Payment Link ਦੇ ਅਧੀਨ ••••••••PAY FEE•••••••• ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ।** ਉਮੀਦਵਾਰ Online Application Form submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ ਫੀਸ ਅਦਾ ਕਰਨ ਦੀ ਆਖਰੀ ਮਿਤੀ 12-02-2020 ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ।

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form generate/download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

8. **ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

Scanned by CamScanner

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ।

(VII) ਲਿਖਤੀ ਪ੍ਰੀਖਿਆ ਵਿੱਚ 40% (40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ ਨੂੰ ਅਯੋਗ/ਫੇਲ ਕਰਾਰ ਦਿੰਦੇ ਹੋਏ ਉਪਰੋਕਤ ਅਸਾਮੀਆਂ ਲਈ ਚੋਣ ਵਾਸਤੇ ਵਿਚਾਰਿਆ ਨਹੀਂ ਜਾਵੇਗਾ।

**9. ਬਿਨੈਕਾਰਾਂ ਦੇ ਧਿਆਨ ਹਿਤ ਅਤਿ ਜ਼ਰੂਰੀ ਹਦਾਇਤਾਂ:**

I. ਉਮੀਦਵਾਰਾਂ ਵੱਲੋਂ ਹਾਸਲ ਕੀਤੀ ਗਈ ਡਿਗਰੀ UGC/Distance Education Council ਦੁਆਰਾ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ Valid ਹੋਣੀ ਲਾਜਮੀ ਹੈ।

II. ਉਪਰੋਕਤ ਦਰਸਾਈਆਂ ਅਸਾਮੀਆਂ ਲਈ "ਪੰਜਾਬ ਸਿਵਲ ਸੇਵਾਵਾਂ (Common conditions) ਰੂਲਜ਼, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਪਾਸ ਕੀਤੀ ਹੋਵੇ।

III. ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸਾਖਾ), ਪੰਜਾਬ ਸਰਕਾਰ ਦਾ ਪੱਤਰ ਨੰ:7/204/2012-4ਐਫ.ਪੀ.1/66, ਮਿਤੀ 15-01-2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

IV. ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਬੋਰਡ ਵੱਲੋਂ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ।

V. ਇੰਨ੍ਹਾਂ ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ ਅਤੇ ਰਾਖਵਾਂਕਰਨ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇੰਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਨੀਤੀ ਸਬੰਧੀ ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economical Weaker Sections ਲਈ ਰਾਖਵਾਂਕਰਨ ਸਮਾਜਿਕ ਨਿਆ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਸਰਕਾਰ ਦੇ ਪੱਤਰ ਨੰ:1/3/2019-RC1/120, ਮਿਤੀ 28 ਮਈ, 2019 ਰਾਹੀਂ ਜਾਰੀ ਹਦਾਇਤਾਂ ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਜਾਰੀ ਕੀਤੀ ਜਾਣ ਵਾਲੀ ਹਰ ਹਦਾਇਤ/ਨਿਯਮ ਦੇ ਅਨੁਸਾਰ ਲਾਗੂ ਹੋਵੇਗਾ।

VI. ਇੰਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈਬਸਾਈਟ www.punjabsssb.gov.in ਤੇ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨਾ ਹੋਰ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

VII. ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ ਅਤੇ ਨਾ ਹੀ ਕਿਸੇ ਵੀ

Scanned by CamScanner

ਕਾਲਮ ਵਿੱਚ ਸੋਧ ਕੀਤੀ ਜਾਏਗੀ। ਉਮੀਦਵਾਰ ਵੱਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(VIII) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਏਗੀ।

(IX) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਨੂੰ ਇੰਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(X) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(XI) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(XII) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(XIII) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਵਿੱਚ ਅਸਾਮੀਆਂ ਉਸ ਵਰਗ ਵਿੱਚ ਅਸਾਮੀਆਂ ਦੀ ਉਪਲਬਤਾ ਅਧੀਨ ਭਰੀਆਂ ਜਾਣਗੀਆਂ।

(XIV) ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਊਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(XV) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਏਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(XVI) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀ ਲਈ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਊਂਸਲਿੰਗ ਸਮੇਂ ਅਸਲ ਦਸਤਾਵੇਜਾਂ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜਾਂ ਸਬੰਧੀ ਤਸਦੀਕ ਕਰਨੀ ਹੋਵੇਗੀ। ਇੰਨ੍ਹਾਂ ਦਸਤਾਵੇਜਾਂ ਦੇ

Scanned by CamScanner

ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ ਅਤੇ ਉਸਦੀ ਪਾਤਰਤਾ ਸਿੱਧ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ।

(XVII) ਉਮੀਦਵਾਰ ਕਾਊਂਸਲਿੰਗ ਸਮੇਂ ਵਿੱਦਿਅਕ/ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਊਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਵਿਚਾਰਿਆ ਨਹੀਂ ਜਾਏਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਏਗਾ।

(XVIII) ਯੋਗਤਾ ਦੀ ਬਰਾਬਰਤਾ ਵਿਵਾਦ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਤੇ ਲਾਗੂ ਹੋਵੇਗਾ।

(XIX) ਕਾਊਂਸਲਿੰਗ ਲਈ ਆਉਣ ਵਾਲੇ ਉਮੀਦਵਾਰ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਏਗਾ।

(XX) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।

(XXI) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੋਈ ਵੀ ਸੋਧ/ਨੋਟਿਸ/corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(XXII) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸੇ ਸਬੰਧੀ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(XXIII) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(XXIV) ਇੰਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ ਆਉਣ ਤੇ email ਰਾਹੀਂ **nitttrhelpline2@gmail.com** ਤੇ ਸੰਪਰਕ ਕੀਤਾ ਜਾ ਸਕਦਾ ਹੈ।

(XXV) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04-00 pm ਤੱਕ ਬੋਰਡ ਦੇ ਦਫਤਰੀ ਫੋਨ ਨੰ: 0172-2298000 ਤੇ ਸੰਪਰਕ ਕੀਤਾ ਜਾ ਸਕਦਾ ਹੈ।

**ਸਥਾਨ: ਐਸ.ਏ.ਐਸ. ਨਗਰ**

**ਮਿਤੀ: 15-01-2020**

**ਸਕੱਤਰ**

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

Scanned by CamScanner

## Annexure - A

## Syllabus and Pattern for written examination of Food Safety Officer

*Note: 1. There will be a total 120 MCQs in the written test.*

*2. The syllabus and pattern for written test is described as below.*

*3. The distribution of questions/marks mentioned below is indicative and for guidance purpose. It may vary slightly.*

**For topics from Sr. No. 1 to 8 mentioned as below, there will be total 80 MCQs.**

**1. Food Chemistry and Nutrition**

Concept & Application of pH, Acids, Bases, Buffers, Solutions; Surface tension, Viscosity, Absorption, Colloids, Suspension and Catalysis. Desirable and potentially undesirable food constituents and their importance: Nomenclature, Chemistry and Metabolic pathways of Carbohydrates, Lipids, proteins; Chemistry of Vitamins, Minerals and Single Cell Proteins. Clinical manifestations of Vitamin deficiency and its prevention. Digestion, Absorption, Assimilation and Transport of nutrients in humans. Diet: Balanced Diet, Recommended Dietary Allowances (RDA) & Standards for different age groups; Dietary utilization and disturbances, Functions and Energy values of foods. Basal Energy Metabolism & Calculations of: Biological Value, Net Protein Utilization, Basal Metabolic Rate. Assessment of nutritional status; Malnutrition: Causes & prevention; Diseases caused due to Food Adulteration.

**2. Food Microbiology**

Classification, morphology, physiology,, growth, nutrition and reproduction of major groups of microorganisms associated with food. Pure culture techniques and maintenance of cultures. Sources of microbial contamination in food, factors affecting growth and survival of microorganisms in foods. Microbiological standards of foods, food poisoning and food borne infections, microbial toxins, indicator organisms, food plant sanitation, inspection and control. Food poisoning, Beneficial microorganisms and their utilization in food fermentations.

**3. Plant based Food products- Processing and Quality aspects**

Processing of oil seeds, Pre-treatments of oil seeds, oil milling, solvent extraction, impurities present in oils and fats. Vegetable oils, refining, hydrogenation, inter-esterification, fractionation, Peanut butter, Margarine and spread. Different quality parameters: Peroxide value, Saponification value, Iodine value, acid value, RM value, Polenski value etc, Adulteration and its detection in oil and fats. Rancidity, autooxidation and antioxidants. Milling of paddy, quality characteristics, curing and aging of rice. Parboilig and processed rice products. Fruit and Vegetable products: Preservation, Processing and Quality aspects, Cereal and Cereal products. Storage, Processing, and Quality aspects. Spices and condiments: composition, preservation and processing, Quality. Detection of

Scanned by CamScanner

genetic modification.

4. **Animal based Food Product : Processing and Quality aspects**

Physico-chemical properties, Production and collection, cooling and transportation of milk. Clarification and filtration of milk, pasteurized and homogenized milk: Whole, Standardized, Toned, Double toned, skim and special milks, Test for milk quality and detection of diary adulterants. MIlk products: Cream, Butter, Butter oil/Ghee, Cheese, Curd and Yoghurt, Sweet meat, Ice cream, Evaporated and Condensed milk, and Milk powders. Indian Dairy Products, Manufacture of casein and Lactose. Causes and prevention of defects in dairy products. Scientific slaughtering methods of meat animals, tendering, curing, smoking and irradiation of meat. Beef, mutton and pork sausages and other meat products. Fish and poultry processing. Processing of Egg and egg products. Honey and honey based products.

5. **Spoilage and Preservation of Foods**

Storage condition for different foods to avoid spoilage, Preservation methods; Low and high temperature, drying and dehydration, chemical, salt, and sugar, Irradiation, Hurdle technology, carbonation etc. Plant and personal Hygiene.

6. **Food Packaging**

Concept of food packaging, polymeric, glass, metal packaging materials, Aseptic Packaging. Newer trends, Package printing, Packaging Laws and Regulations, Evaluation of food packaging materials and package performance.

7. **Food Legislation and Quality Control**

Quality Control / Quality Assurance, Legislation for food safety: National and International criteria, sampling, risk analysis and management. Relevant Foods laws: AGMARK, and BIS Standards, Food Safety and Standards Act. Testing food for its safety. The HACCP system and Food Safety Management Systems. Food standards and Specification, Laboratory Quality Management System and ISO certification requirements.

8. **Agriculture**

Salient features of agriculture with special reference to Punjab. Soil fertility and management of problematic soil. Production techniques for important field crops, horticultural crops, spices and medicinal crops. Important disease and pests of major crops and their management. Agricultural marketing. Agriculture statistics. Storage structure and practices. Modified and controlled atmosphere storage systems. Losses in storage.

9. **General Awareness (Punjab Culture & History):** **5 MCQs**

10. **Current Affairs:** **5 MCQs**

11. **Mental ability:** **10 MCQs**

12. **English Language:** **10 MCQs**

13. **Punjabi Language:** **10 MCQs**

Scanned by CamScanner